**ਅਨੁਸੂਚਿਤ ਜਾਤੀਆਂ/ਈਸਾਈ ਬਰਾਦਰੀ ਦੀਆਂ ਲੜਕੀਆਂ, ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾਂ ਦੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਸ਼ਗਨ ਦੇਣ ਦੀ ਸਕੀਮ।**

ਸ਼ਗਨ ਸਕੀਮ ਤਹਿਤ ਮਿਤੀ 1-4-1997 ਤੋਂ ਅਨੁਸੂਚਿਤ ਜਾਤੀਆਂ ਦੀਆਂ ਲੜਕੀਆਂ ਅਤੇ ਇਸੇ ਹੀ ਵਰਗ ਦੀਆਂ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਜੋ ਕਿ ਪੰਜਾਬ ਰਾਜ ਦੀਆਂ ਵਸਨੀਕ ਹੋਣ ਨੂੰ 5100/- ਰੁਪਏ ਦੀ ਵਿੱਤੀ ਸਹਾਇਤਾ ਸ਼ਗਨ ਵੱਜੋਂ ਦੇਣ ਨਾਲ ਸੁਰੂ ਕੀਤੀ ਗਈ ਸੀ। ਸ਼ੁਰੂ ਵਿੱਚ ਇਹ ਲਾਭ ਉਨ੍ਹਾਂ ਲੜਕੀਆਂ ਦੇ ਮਾਪਿਆਂ/ਸਰਪ੍ਰਸਤਾਂ ਨੂੰ ਦਿੱਤਾ ਜਾਂਦਾ ਸੀ, ਜਿਨ੍ਹਾਂ ਦੀ ਸਲਾਨਾ ਆਮਦਨ 16000/-ਰੁਪਏ ਤੋਂ ਵੱਧ ਨਹੀਂ ਸੀ। ਮਿਤੀ 1-9-1997 ਤੋਂ ਇਸ ਸਕੀਮ ਦਾ ਦਾਇਰਾ ਵਧਾਂਉਦੇ ਹੋਏ ਈਸਾਈ ਜਾਤੀ ਦੇ ਪਰਿਵਾਰਾਂ ਦੀਆਂ ਲੜਕੀਆਂ ਨੂੰ ਵੀ ਇਸ ਸਕੀਮ ਵਿੱਚ ਸ਼ਾਮਲ ਕਰ ਲਿਆ ਗਿਆ ਸੀ।

ਸ਼ਗਨ ਸਕੀਮ ਦਾ ਨਾਮ ਮਿਤੀ 26-01-2004 ਤੋਂ ਤਬਦੀਲ ਕਰਕੇ ਅਸ਼ੀਰਵਾਦ ਸਕੀਮ ਕਰ ਦਿੱਤਾ ਗਿਆ ਅਤੇ ਇਸ ਸਕੀਮ ਤਹਿਤ ਅਨੁਸੂਚਿਤ ਜਾਤੀਆਂ, ਈਸਾਈ ਬਰਾਦਰੀ ਦੀਆਂ ਲੜਕੀਆਂ ਅਤੇ ਕਿਸੇ ਵੀ ਜਾਤੀ ਦੇ ਵਿਧਵਾ ਦੀ ਲੜਕੀ ਨੂੰ 5100/- ਰੁਪਏ ਤੋਂ ਵਧਾ ਕੇ 6100/-ਰੁਪਏ ਪ੍ਰਤੀ ਪਰਿਵਾਰ ਵਿੱਤੀ ਸਹਾਇਤਾ ਕਰ ਦਿੱਤੀ ਗਈ ਸੀ। ਇਸ ਉਪਰੰਤ ਇਸ ਸਕੀਮ ਤਹਿਤ ਮਿਤੀ 1-4-2006 ਤੋਂ ਵਿੱਤੀ ਸਹਾਇਤਾ ਦੀ ਰਾਸ਼ੀ 6100/-ਰੁਪਏ ਤੋਂ ਵਧਾ ਕੇ 15000/-ਰੁਪਏ ਕਰ ਦਿੱਤੀ ਗਈ। ਮਿਤੀ 1-4-2007 ਤੋਂ 29-10-2007 ਤੱਕ ਸਮਰੱਥ ਅਧਿਕਾਰੀ ਵੱਲੋਂ ਆਮਦਨ ਸਬੰਧੀ ਸਰਟੀਫਿਕੇਟ ਦੇ ਆਧਾਰ ਤੇ ਬਿਨੈਕਾਰ ਨੂੰ ਵਿੱਤੀ ਸਹਾਇਤਾ ਦਿੱਤੀ ਜਾਂਦੀ ਸੀ। ਇਸ ਉਪਰੰਤ ਮਿਤੀ 30-10-2007 ਨੂੰ ਮੰਤਰੀ ਮੰਡਲ ਵੱਲੋਂ ਆਮਦਨ ਸਰਟੀਫਿਕੇਟ ਦੀ ਸ਼ਰਤ ਨੂੰ ਖਤਮ ਕਰਕੇ ਆਮਦਨ ਸਬੰਧੀ ਹਲਫੀਆ ਬਿਆਨ ਦੀ ਮੰਨਜੂਰੀ ਦਿੱਤੀ ਗਈ। ਪੰਜਾਬ ਸਰਕਾਰ ਵਲੋਂ ਮਿਤੀ 30-10-2007 ਨੂੰ ਲਏ ਗਏ ਫੈਸਲੇ ਅਨੁਸਾਰ, ਇਸ ਸਕੀਮ ਅਧੀਨ ਬਿਨੈਕਾਰਾਂ ਦੀ ਸਾਲਾਨਾ ਆਮਦਨ ਪੇਡੂ ਏਰੀਏ ਲਈ 20,000/- ਰੁਪਏ ਅਤੇ ਸ਼ਹਿਰੀ ਏਰੀਏ ਲਈ 27,500 /- ਰੁਪਏ ਤੋ ਵੱਧ ਨਹੀਂ ਹੋਣੀ ਚਾਹੀਦੀ ਸੀ।

ਬਜਟ ਸ਼ੈਸ਼ਨ 2011-12 ਦੌਰਾਨ ਵਿੱਤ ਮੰਤਰੀ ਜੀ ਵੱਲੋਂ ਅਪਣੇ ਭਾਸ਼ਣ ਵਿਚ ਸ਼ਗਨ ਸਕੀਮ ਦਾ ਦਾਇਰਾ ਵਧਾ ਕੇ ਇਸ ਸਕੀਮ ਦਾ ਲਾਭ ਪੱਛੜੀਆਂ ਸ੍ਰੇਣੀਆਂ/ਜਾਤੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਪਰਿਵਾਰਾਂ ਦੀਆਂ ਉਨ੍ਹਾਂ ਲੜਕੀਆਂ ਨੂੰ, ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 30,000/- ਰੁਪਏ ਤੋਂ ਵੱਧ ਨਾ ਹੋਵੇ, ਨੂੰ ਵੀ ਦੇਣ ਲਈ ਤਜਵੀਜ਼ ਕੀਤਾ ਗਿਆ ਸੀ, ਜੋ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕਰ ਦਿੱਤਾ ਗਿਆ ਸੀ। ਮਿਤੀ 01-04-2011 ਤੋਂ ਸੋਧੀ ਸਕੀਮ ਅਨੁਸਾਰ ਅਨੁਸੂਚਿਤ ਜਾਤੀਆਂ/ਈਸਾਈ ਬਰਾਦਰੀ ਦੀਆਂ ਲੜਕੀਆਂ, ਕਿਸੇ ਵੀ ਜਾਤੀ ਦੀ ਵਿਧਵਾਵਾਂ ਦੀਆਂ ਲੜਕੀਆਂ, ਪੱਛੜੀਆਂ ਸ੍ਰੇਣੀਆਂ ਅਤੇ ਹੋਰ ਆਰਥਿਕ ਤੌਰ ਤੇ ਪੱਛੜੇ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਅਤੇ ਅਨੁਸੂਚਿਤ ਜਾਤੀਆਂ ਦੀਆਂ ਵਿਧਵਾਵਾਂ/ਤਲਾਕਸ਼ੁਦਾ ਔਰਤਾਂ ਨੂੰ ਉਨ੍ਹਾਂ ਦੇ ਮੁੜ ਵਿਆਹ ਸਮੇਂ ਵਿੱਤੀ ਸਹਾਇਤਾ ਦਿੱਤੀ ਜਾਂਦੀ ਸੀ।

ਪੰਜਾਬ ਸਰਕਾਰ, ਭਲਾਈ ਵਿਭਾਗ ਵਲੋਂ ਸ਼ਗਨ ਸਕੀਮ ਤਹਿਤ ਵਿੱਤੀ ਸਹਾਇਤਾ ਪ੍ਰਾਪਤ ਕਰਨ ਲਈ ਸਾਲਾਨਾ ਆਮਦਨ 30,000/-ਰੁਪਏ ਤੋਂ ਵਧਾ ਕੇ 32,790/-ਰੁਪਏ ਕੀਤੀ ਗਈ ਹੈ। ਸਬੰਧਤ ਬਿਨੈਕਾਰ ਆਪਣੀ ਦਰਖਾਸਤ ਵਿਆਹ ਦੀ ਮਿਤੀ ਤੋਂ 30 ਦਿਨ ਬਾਅਦ ਤੱਕ ਦੇਣ ਸਬੰਧੀ ਫੈਸਲਾ ਕੀਤਾ ਗਿਆ ਹੈ ਅਤੇ ਦਰਖਾਸਤ ਫਾਰਮ ਸਰਲ ਕੀਤਾ ਗਿਆ ਹੈ। ਇਸ ਸਕੀਮ ਨੂੰ ਲਾਗੂ ਕਰਨ ਦੀ ਵਿਧੀ ਵਿਚ ਕੀਤੀਆਂ ਗਈਆਂ ਸੋਧਾਂ ਸਬੰਧੀ ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਪ੍ਰਾਪਤ ਕੀਤੀ ਗਈ ਹੈ। ਇਹ ਹਦਾਇਤਾਂ ਵਿਭਾਗ ਵਲੋਂ ਮਿਤੀ 13-2-2014 ਨੂੰ ਜਾਰੀ ਕੀਤੀਆਂ ਗਈਆਂ ਹਨ।

ਇਸ ਸਕੀਮ ਤਹਿਤ ਵਿੱਤੀ ਸਹਾਇਤਾ ਉਨ੍ਹਾਂ ਪਰਿਵਾਰਾਂ ਨੂੰ, ਉਨਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਦਿੱਤੀ ਜਾਂਦੀ ਹੈ , ਜੋ ਹੇਠ ਲਿਖੀਆਂ ਸ਼ਰਤਾਂ ਪੂਰੀਆਂ ਕਰਦੇ ਹੋਣ:-

1. ਅਨੁਸੂਚਿਤ ਜਾਤੀਆਂ/ਈਸਾਈ ਬਰਾਦਰੀ ਦੀਆਂ ਲੜਕੀਆਂ, ਪੱਛੜੀਆਂ ਸ੍ਰੇਣੀਆਂ/ਜਾਤੀਆਂ, ਆਰਥਿਕ ਤੌਰ ਤੇ ਪੱਛੜੇ ਵਰਗਾਂ ਦੀਆਂ ਲੜਕੀਆਂ, ਕਿਸੇ ਵੀ ਜਾਤੀ ਦੀਆਂ ਵਿਧਾਵਾਵਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਅਤੇ ਅਨੁਸੂਚਿਤ ਜਾਤੀਆਂ ਦੀਆਂ ਵਿਧਵਾਵਾਂ/ਤਲਾਕਸ਼ੁਦਾ ਔਰਤਾਂ ਨੂੰ ਉਨ੍ਹਾਂ ਦੇ ਮੁੜ ਵਿਆਹ ਸਮੇਂ

15,000/-ਰੁਪਏ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ;

2. ਲੜਕੀ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੋਣੀ ਚਾਹੀਦੀ ਹੈ;

3.ਪਰਿਵਾਰ ਦੀ ਸਾਲਾਨਾ ਆਮਦਨ ਸਾਰੇ ਸਾਧਨਾਂ ਤੋਂ 32,790/- ਤੋਂ ਵੱਧ ਨਹੀਂ ਹੋਣੀ ਚਾਹੀਦੀ;

4. ਇਸ ਸਕੀਮ ਤਹਿਤ ਵਿੱਤੀ ਸਹਾਇਤਾ ਪ੍ਰਾਪਤ ਕਰਨ ਲਈ ਸਬੰਧਤ ਬਿਨੈਕਾਰ ਵਲੋਂ ਦਰਖਾਸਤ ਨਿਰਧਾਰਤ ਪ੍ਰੋਫਾਰਮੇ ਵਿੱਚ ਲੜਕੀ ਦੇ ਵਿਆਹ ਦੀ ਮਿਤੀ ਨਿਸ਼ਚਿਤ ਹੋਣ ਉਪਰੰਤ ਵਿਆਹ ਤੋਂ ਪਹਿਲਾਂ ਦੇਣੀ ਹੋਵੇਗੀ ਤਾਂ ਜੋ ਸਬੰਧਤ ਬਿਨੈਕਾਰ ਦੀ ਲੜਕੀ ਦੇ ਵਿਆਹ ਦੀ ਮਿਤੀ ਤੋਂ ਪਹਿਲਾਂ ਸ਼ਗਨ ਦੀ ਰਾਸ਼ੀ/ਵਿੱਤੀ ਸਹਾਇਤਾ ਦਿੱਤੀ ਜਾ ਸਕੇ, ਜਿਹੜੇ ਬਿਨੈਕਾਰ ਆਪਣੀ ਦਰਖਾਸਤ ਵਿਆਹ ਦੀ ਮਿਤੀ ਤੋਂ ਪਹਿਲਾਂ ਦੇਣ ਤੋਂ ਰਹਿ ਜਾਂਦੇ ਹਨ, ਉਹਨਾਂ ਨੂੰ ਵਿਆਹ ਦੀ ਮਿਤੀ ਤੋਂ 30 ਦਿਨ ਬਾਅਦ ਤੱਕ ਦਰਖਾਸਤ ਦੇਣ ਦੀ ਇਜਾਜ਼ਤ ਹੈ;

5. ਲੜਕੀ ਦੇ ਮਾਪੇ/ਸਰਪ੍ਰਸਤ ਪੰਜਾਬ ਰਾਜ ਦੇ ਪੱਕੇ ਵਸਨੀਕ ਹੋਣੇ ਚਾਹੀਦੇ ਹਨ;

6. ਸ਼ਗਨ ਸਕੀਮ ਅਧੀਨ ਸਬੰਧਤ ਪਰਿਵਾਰ ਦੀਆਂ ਦੋ ਲੜਕੀਆਂ ਤੱਕ ਹੀ ਸ਼ਗਨ ਦੀ ਰਾਸ਼ੀ ਦਿੱਤੀ ਜਾਣੀ ਸੀਮਤ ਹੈ।

ਇਸ ਸਕੀਮ ਤਹਿਤ ਸਾਲ 2014-15 ਦੌਰਾਨ ਸਰਕਾਰ ਵੱਲੋਂ ਪਲਾਨ ਸਾਈਡ ਤੇ 7200.00 ਲੱਖ ਰੁਪਏ + 1800.00 ਲੱਖ ਰੁਪਏ ਕੁੱਲ 9000.00 ਲੱਖ ਰੁਪਏ ਦੀ ਰਾਸ਼ੀ ਦਾ ਬਜਟ ਉਪਬੰਧ ਕੀਤਾ ਗਿਆ ਹੈ।